Dispatch No. I/27126/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਕੈਬਨਿਟ ਮੰਤਰੀ ਸ੍ਰੀ ਓ.ਪੀ. ਸੋਨੀ ਵੱਲੋਂ ਦੇਸ਼ ਦੀ ਪਹਿਲੀ ਅਤਿ ਆਧੁਨਿਕ ਕਰੋਨਾ ਟੈਸਟਿੰਗ ਲੈਬ ਦਾ ਉਦਘਾਟਨ

ਫਰੀਦਕੋਟ ਤੋਂ ਇਲਾਵਾ ਮੈਡੀਕਲ ਕਾਲਜ ਅੰਮ੍ਰਿਤਸਰ ਅਤੇ ਪਟਿਆਲਾ ਵਿਖੇ ਵੀ ਪੁੱਜੀਆਂ ਨਵੀਆਂ ਕਰੋਨਾ ਟੈਸਟ ਮਸ਼ੀਨਾ

ਪੰਜਾਬ ਵਿੱਚ ਕਰੋਨਾ ਟੈਸਟਿੰਗ ਹੁਣ 9 ਹਜ਼ਾਰ ਤੱਕ ਰੋਜ਼ਾਨਾ ਹੋ ਸਕੇਗੀ-ਓ.ਪੀ. ਸੋਨੀ

ਵਿਧਾਇਕ ਕੁਸਲਦੀਪ ਸਿੰਘ ਢਿੱਲੋਂ, ਵੀ.ਸੀ. ਡਾ. ਰਾਜ ਬਹਾਦਰ ਅਤੇ ਸੰਦੀਪ ਸਿੰਘ ਸੰਨੀ ਬਰਾੜ ਵੱਲੋਂ ਪੰਜਾਬ ਸਰਕਾਰ ਦਾ ਉਪਰਾਲੇ ਲਈ ਧੰਨਵਾਦ

ਫਰੀਦਕੋਟ 22 ਮਈ ( ) ਅੱਜ ਇੱਥੋਂ ਦੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਵਿਖੇ ਪੰਜਾਬ ਦੇ ਕੈਬਨਿਟ ਮੰਤਰੀ ਮੈਡੀਕਲ ਖੋਜ ਤੇ ਸਿੱਖਿਆ ਸ੍ਰੀ ਓ.ਪੀ. ਸੋਨੀ ਵੱਲੋਂ ਦੇਸ਼ ਦੀ ਪਹਿਲੀ ਕਰੋਨਾ ਟੈਸਟਿੰਗ ਲਈ ਅਤਿ ਆਧੁਨਿਕ ਟੀ.ਬੀ. ਲੀਕੁਐਡ ਕਲਚਰ ਐਂਡ ਡੀ.ਐਸ.ਟੀ. ਬਾਇਓਲੋਜ਼ੀ ਲੈਬ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮੁੱਖ ਮੰਤਰੀ ਦੇ ਸਿਆਸੀ ਸਲਾਹਕਾਰ ਅਤੇ ਵਿਧਾਇਕ ਸ: ਕੁਸ਼ਲਦੀਪ ਸਿੰਘ ਢਿੱਲੋਂ, ਵੀ.ਸੀ. ਬਾਬਾ ਫਰੀਦ ਯੂਨੀਵਰਸਿਟੀ ਡਾ. ਰਾਜ ਬਹਾਦਰ, ਸ੍ਰੀ ਸੰਦੀਪ ਸਿੰਘ ਸੰਨੀ ਬਰਾੜ ਓ.ਐਸ.ਡੀ. ਮੁੱਖ ਮੰਤਰੀ, ਡਿਪਟੀ ਕਮਿਸ਼ਨਰ ਸ੍ਰੀ ਕੁਮਾਰ ਸੌਰਭ ਰਾਜ ਅਤੇ ਜਿਲ੍ਹਾ ਪੁਲਿਸ ਮੁੱਖੀ ਸ: ਮਨਜੀਤ ਸਿੰਘ ਢੇਸੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

ਕੈਬਿਨਟ ਮੰਤਰੀ ਸ੍ਰੀ ਓ.ਪੀ.ਸਿੰਘ ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਕਰੋਨਾ ਮਹਾਂਮਾਰੀ ਨੂੰ ਅੱਗੇ ਫੈਲਣ ਤੋਂ ਰੋਕਣ ਅਤੇ ਇਸ ਦੀ ਸੈਪਲਿੰਗ, ਟੈਸਟਿੰਗ ਅਤੇ ਮਰੀਜ਼ਾ ਦੇ ਇਲਾਜ ਲਈ ਵਿਆਪਕ ਪੱਧਰ ਤੇ ਕੰਮ ਕੀਤਾ ਜਾ ਰਿਹਾ ਹੈ ਅਤੇ ਰਾਜ ਵਿੱਚ ਕਰੋਨਾ ਮਰੀਜ਼ਾਂ ਦੀ ਟੈਸਟ ਦੀ ਸਮਰੱਥਾ ਵਧਾਉਣ ਲਈ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਫਰੀਦਕੋਟ, ਗੋਰਮਿੰਟ ਮੈਡੀਕਲ ਕਾਲਜ ਪਟਿਆਲਾ ਅਤੇ ਅੰਮ੍ਰਿਤਸਰ ਵਿਖੇ ਅਤਿ ਆਧੁਨਿਕ ਲੈਬਾਂ ਸਥਾਪਿਤ ਕੀਤੀਆਂ ਗਈਆਂ ਹਨ ਅਤੇ ਦੇਸ਼ ਵਿੱਚ ਲੱਗਣ ਵਾਲੀਆਂ ਇਹ ਆਪਣੀ ਕਿਸਮ ਦੀਆਂ ਪਹਿਲੀਆਂ ਅਤਿ ਆਧੁਨਿਕ ਕਰੋਨਾ ਟੈਸਟਿੰਗ ਲੈਬਜ਼ ਹਨ ਜਿੰਨਾ ਵਿੱਚ ਕਰੋਨਾ ਬਿਮਾਰੀ ਦਾ ਟੈਸਟ ਅਤਿ ਆਧੁਨਿਕ ਤਕਨੀਕਾਂ ਨਾਲ ਕੀਤਾ ਜਾਂਦਾ ਹੈ ਅਤੇ ਇਨ੍ਹਾਂ ਸੁਰੱਖਿਅਤ ਲੈਬਾਂ ਵਿੱਚ ਕੰਮ ਕਰਦੇ ਸਟਾਫ ਨੂੰ ਕਰੋਨਾ ਲਾਗ ਲੱਗਣ ਦਾ ਕੋਈ ਖਤਰਾ ਨਹੀਂ ਰਹਿੰਦਾ। ਉਨ੍ਹਾਂ ਕਿਹਾ ਕਿ ਇਨ੍ਹਾਂ ਲੈਬਾਂ ਦੀ ਸਥਾਪਨਾ ਨਾਲ ਸੂਬੇ ਵਿੱਚ ਰੋਜ਼ਾਨਾ ਕਰੋਨਾ ਟੈਸਟਿੰਗ ਦੀ ਸਮੱਰਥਾ 9 ਹਜ਼ਾਰ ਤੱਕ ਪੁੱਜ ਜਾਵੇਗੀ। ਉਨ੍ਹਾਂ ਕਿਹਾ ਕਿ ਇਕ ਲੈਬ ਵਿੱਚ 3 ਹਜ਼ਾਰ ਟੈਸਟ ਹੋਣਗੇ ਅਤੇ ਤਿੰਨਾ ਲੈਬਾਂ ਦੀ ਸਮਰੱਥਾ ਮਿਲਾ ਕੇ ਹੁਣ 9 ਹਜ਼ਾਰ ਹੋ ਜਾਵੇਗੀ। ਜਦਕਿ ਪਹਿਲਾਂ ਇਕ ਦਿਨ ਵਿੱਚ 1500 ਟੈਸਟ ਹੁੰਦੇ ਸਨ।ਉਨ੍ਹਾਂ ਕਿਹਾ ਕਿ ਹੁਣ ਪੰਜਾਬ ਟੈਸਟਿੰਗ ਦੇ ਮਾਮਲੇ ਵਿੱਚ ਦੇਸ਼ ਦਾ ਮੋਹਰੀ ਸੂਬਾ ਬਣ ਜਾਵੇਗਾ। ਉਨ੍ਹਾਂ ਕਿਹਾ ਕਿ ਪਹਿਲਾਂ ਕਰੋਨਾ ਟੈਸਟ ਲਈ ਸੈਂਪਲ ਪੂਨੇ ਲੈਬੋਰਟਰੀ ਵਿੱਚ ਭੇਜਣੇ ਪੈਂਦੇ ਸਨ ਅਤੇ ਉਨ੍ਹਾਂ ਦੀ ਰਿਪੋਰਟ ਆਉਣ ਤੇ 14 ਦਿਨ ਤੋਂ ਵੀ ਵੱਧ ਸਮਾਂ ਲੱਗ ਜਾਂਦਾ ਸੀ। ਉਨ੍ਹਾਂ ਕਿਹਾ ਕਿ ਇਨ੍ਹਾਂ ਲੈਬਾਂ ਦੀ ਸਥਾਪਨਾ ਨਾਲ ਹੁਣ ਰਿਪੋਰਟ ਉਸੇ ਦਿਨ ਹੀ ਪ੍ਰਾਪਤ ਹੋ ਜਾਵੇਗੀ।

ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਵਿੱਚ ਸ੍ਰੀ ਓ.ਪੀ. ਸੋਨੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਰੇਲ ਗੱਡੀਆਂ ਤੇ ਬੱਸਾਂ ਰਾਹੀਂ ਪ੍ਰਵਾਸੀ ਮਜ਼ਦੂਰਾਂ ਅਤੇ ਹੋਰ ਲੋਕਾਂ ਨੂੰ ਉਨ੍ਹਾਂ ਦੀ ਇੱਛਾ ਅਨੁਸਾਰ ਉਨ੍ਹਾਂ ਦੇ ਗ੍ਰਹਿ ਰਾਜਾਂ ਵਿੱਚ ਭੇਜਿਆ ਜਾ ਰਿਹਾ ਹੈ ਜਦੋਂ ਕਿ ਪ੍ਰਵਾਸੀ ਭਾਰਤੀਆਂ ਨੂੰ ਪੰਜਾਬ ਵਿੱਚ ਲਿਆਉਣ ਲਈ ਵੀ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਉਨ੍ਹਾਂ ਦੀ ਰਿਹਾਇਸ਼/ ਇਕਾਂਤਵਾਸ ਲਈ ਰਾਜ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ।

ਇਸ ਮੌਕੇ ਮੁੱਖ ਮੰਤਰੀ ਦੇ ਸਿਆਸੀ ਸਲਾਹਕਾਰ ਸ: ਕੁਸ਼ਲਦੀਪ ਸਿੰਘ ਢਿੱਲੋਂ, ਵੀ.ਸੀ. ਰਾਜ ਬਹਾਦਰ ਅਤੇ ਮੁੱਖ ਮੰਤਰੀ ਦੇ ਓ.ਐਸ.ਡੀ. ਸ੍ਰੀ ਸੰਦੀਪ ਸਿੰਘ ਸੰਨੀ ਬਰਾੜ ਨੇ ਫਰੀਦਕੋਟ ਵਿਖੇ ਕਰੋਨਾ ਟੈਸਟਿੰਗ ਦੀ ਅਤਿ ਆਧੁਨਿਕ ਲੈਬ ਸਥਾਪਤ ਕਰਨ ਲਈ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਅਤੇ ਕੈਬਨਿਟ ਮੰਤਰੀ ਸ੍ਰੀ ਓ.ਪੀ. ਸੋਨੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਨਾਲ ਵੱਡੀ ਗਿਣਤੀ ਵਿੱਚ ਫਰੀਦਕੋਟ ਅਤੇ ਇਸ ਦੇ ਲਾਗਲੇ ਜਿਲ੍ਹਿਆਂ ਨੂੰ ਟੈਸਟਿੰਗ ਦੀ ਅਤਿ ਆਧੁਨਿਕ ਸਹੂਲਤ ਮਿਲੇਗੀ।

ਇਸ ਮੌਕੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਦੇ ਪ੍ਰਿੰਸੀਪਲ ਡਾ. ਦੀਪਕ ਜੋਹਨ ਭੱਟੀ, ਮੈਡੀਕਲ ਸੁਪਰਡੈਂਟ ਸ੍ਰੀ ਰਾਜੀਵ ਜੋਸ਼ੀ, ਡਾ. ਰੋਹਿਤ ਚੋਪੜਾ, ਡਾ. ਐਸ.ਪੀ. ਸਿੰਘ, ਕੈਪਟਨ ਸੰਜੀਵ ਸ਼ਰਮਾ ਓ.ਐਸ.ਡੀ. ਕੈਬਨਿਟ ਮੰਤਰੀ, ਕਰਮਜੀਤ ਟਹਿਣਾ ਆਦਿ ਵੀ ਹਾਜ਼ਰ ਸਨ।ਇਸ ਮੌਕੇ ਕੈਬਿਨਟ ਮੰਤਰੀ ਸ੍ਰੀ ਸੋਨੀ ਨੇ ਕਾਲਜ ਦੇ ਡਾਕਟਰ ਅਤੇ ਪੈਰਾ ਮੈਡੀਕਲ ਸਟਾਫ ਨਾਲ ਯਾਦਗਾਰੀ ਫੋਟੋ ਖਿਚਵਾਈ।

Dispatch No. I/27128/2020

ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਫਰੀਦਕੋਟ

ਐਸ.ਡੀ.ਐਮ. ਜੈਤੋ ਵੱਲੋਂ ਲੋੜਵੰਦ ਔਰਤਾਂ ਨੂੰ ਮੁਹੱਈਆ ਕਰਵਾਏ 200 ਸੈਨੇਟਰੀ ਪੈਡਜ਼

ਫਰੀਦਕੋਟ , 22 ਮਈ ( ) ਨੋਵਲ ਕੋਰੋਨਾ ਵਾਇਰਸ (ਕੋਵਿਡ-19) ਦੇ ਚੱਲਦਿਆਂ ਲੱਗੇ ਕਰਫਿਊ ਉਪਰੰਤ ਲਾਕਡਾਊਨ ਦੌਰਾਨ ਜ਼ਿਲਾ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀਆਂ ਜ਼ਰੂਰਤਾਂ ਦਾ ਵਿਸ਼ੇਸ਼ ਖਿਆਲ ਰੱਖਿਆ ਜਾ ਰਿਹਾ ਹੈ। ਇਸੇ ਤਹਿਤ ਐਸ ਡੀ ਐਮ ਜੈਤੋ ਮੈਡਮ ਮਨਦੀਪ ਕੌਰ ਨੇ ਔਰਤਾਂ ਦੀਆਂ ਸਮੱਸਿਆਵਾ ਨੂੰ ਧਿਆਨ ਵਿੱਚ ਰੱਖਦਿਆਂ ਜੈਤੋ ਦੇ ਭਗਤੂਆਣਾ ਵਿੱਚ ਔਰਤਾਂ ਨੂੰ ਸੈਨਟਰੀ ਪੈਡ ਵੰਡ ਅਤੇ ਨੋਬਲ ਕਰੋਨਾ ਸਬੰਧੀ ਔਰਤਾਂ ਨੂੰ ਜਾਗਰੂਕ ਕੀਤਾ।

ਉਨਾਂ ਦੱਸਿਆ ਕਿ ਸਬ-ਡਵੀਜ਼ਨ ਜੈਤੋਂ ਦੇ ਵੱਖ-ਵੱਖ ਇਲਾਕਿਆਂ ਵਿੱਚ ਪਹਿਲਾਂ ਵੀ ਔਰਤਾਂ ਨੂੰ ਸੈਨੇਟਰੀ ਪੈਡਜ਼ ਮੁਹੱਈਆ ਕਰਵਾਏ ਗਏ ਸਨ। ਉਨਾ ਦੱਸਿਆ ਕਿ ਉਨਾਂ ਦੇ ਧਿਆਨ ਵਿੱਚ ਆਇਆ ਸੀ ਔਰਤਾਂ ਨੂੰ ਸੈਨੇਟਰੀ ਪੈਡਜ਼ ਦੀ ਕਾਫ਼ੀ ਕਿੱਲਤ ਮਹਿਸੂਸ ਹੋ ਰਹੀ ਹੈ ਅਤੇ ਲਾਕਡਾਊਨ ਦੌਰਾਨ ਜ਼ਿਆਦਾਤਰ ਉਹ ਘਰਾਂ ਤੋਂ ਬਾਹਰ ਵੀ ਨਹੀਂ ਨਿਕਲ ਪਾ ਰਹੀਆਂ। ਉਨਾਂ ਦੱਸਿਆ ਕਿ ਕਰੀਬ 200 ਸੈਨੇਟਰੀ ਪੈਡਜ਼ ਵੰਡੇ ਗਏ ਹਨ ਅਤੇ ਇਹ ਮੁਹਿੰਮ ਅੱਗੇ ਵੀ ਜਾਰੀ ਰਹੇਗੀ। ਉਨਾਂ ਕਿਹਾ ਕਿ ਔਰਤਾਂ ਦੀ ਸਮੱਸਿਆ ਨੂੰ ਸਮਝਦੇ ਹੋਏ ਉਨਾਂ ਦੀ ਸਿਹਤ ਸੁਰੱਖਿਆ ਨੂੰ ਧਿਆਨ ਵਿਚ ਰੱਖਦੇ ਹੋਏ ਇਹ ਉਪਰਾਲਾ ਕੀਤਾ ਹੈ। ਉਨਾਂ ਦੱਸਿਆ ਕਿ ਉਹ ਇਸ ਸੰਕਟ ਦੀ ਘੜੀ ਵਿਚ ਹਰ ਸਮੇਂ ਔਰਤਾਂ ਦੇ ਨਾਲ ਖੜੇ ਹਨ।ਇਸ ਮੌਕੇ ਔਰਤਾਂ ਨੂੰ ਨੋਵਲ ਕਰੋਨਾ ਬਿਮਾਰੀ ਦੀ ਰੋਕਥਾਮ ਅਤੇ ਆਲ਼ੇ ਦੁਆਲੇ ਦੀ ਸਾਫ਼ ਸਫ਼ਾਈ ਰੱਖਣ ਸਬੰਧੀ ਵੀ ਜਾਗਰੂਕ ਕੀਤਾ ਗਿਆ।

ਉਨਾਂ ਦੱਸਿਆ ਕਿ ਇਸ ਕਾਰਜ ਵਿੱਚ ਡਾ ਵੀਨਾ ਗਰਗ ਪ੍ਰਿੰਸੀਪਲ ਭਾਈ ਭਗਤੂਆਣਾ ਕਾਲਜ ਆਦਿ ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਇਸ ਮੌਕੇ ਨਾਇਬ ਤਹਿਸੀਲਦਾਰ ਮੈਡਮ ਹੀਰਾ ਵੰਤੀ ਅਤੇ ਕਾਲਜ ਦੇ ਹੋਰ ਅਧਿਕਾਰੀ ਕਰਮਚਾਰੀ ਵੀ ਹਾਜ਼ਰ ਸਨ।

Dispatch No. I/27130/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਹੁਣ ਕੋਈ ਵੀ ਅਸਲਾ ਲਾਇਸੰਸੀ 02 ਤੋਂ ਵੱਧ ਹਥਿਆਰ ਨਹੀਂ ਰੱਖ ਸਕਦਾ-ਜਿਲ੍ਹਾ ਮੈਜਿਸਟ੍ਰੇਟ

ਵਾਧੂ ਅਸਲਾ 1 ਸਾਲ ਦੇ ਅੰਦਰ ਅੰਦਰ ਨਜ਼ਦੀਕੀ ਥਾਣੇ, ਅਸਲਾ ਡੀਲਰ ਕੋਲ ਜਮਾਂ ਕਰਾਉਣ ਦੀ ਹਦਾਇਤ

ਫਰੀਦਕੋਟ 22 ਮਈ ( ) ਵਧੀਕ ਜਿਲ੍ਹਾ ਮੈਜਿਸਟ੍ਰੇਟ ਕਮ ਵਧੀਕ ਡਿਪਟੀ ਕਮਿਸ਼ਨਰ (ਜ) ਸ: ਗੁਰਜੀਤ ਸਿੰਘ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਗ੍ਰਹਿ ਮੰਤਰਾਲਾ, ਭਾਰਤ ਸਰਕਾਰ ਦੇ ਨੋਟੀਫਿਕੇਸ਼ਨ ਅਤੇ ਪੰਜਾਬ ਸਰਕਾਰ,ਗ੍ਰਹਿ ਮਾਮਲੇ ਤੇ ਨਿਆਂ ਵਿਭਾਗ ਦੇ ਪੱਤਰ ਰਾਹੀਂ ਜਾਰੀ ਹਦਾਇਤਾਂ ਅਨੁਸਾਰ ਆਰਮਜ ਐਕਟ 1959 ਵਿੱਚ ਸੋਧ ਹੋ ਚੁੱਕੀ ਹੈ ਅਤੇ ਇਹ ਸੋਧ ਲਾਗੂ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਹੁਣ ਜਿਲ੍ਹਾ ਫਰੀਦਕੋਟ ਦੇ ਸਮੂਹ ਅਸਲਾ ਲਾਇਸੰਸੀ ਆਪਣੇ ਅਸਲਾ ਲਾਇਸੰਸ ਤੇ 02 ਤੋਂ ਵੱਧ ਹਥਿਆਰ ਨਹੀਂ ਰੱਖ ਸਕਦੇ ਹਨ।

ਵਧੀਕ ਜਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਇਸ ਐਕਟ ਤਹਿਤ ਜਿੰਨਾ ਅਸਲਾ ਲਾਇਸੰਸ ਤੇ 2 ਤੋਂ ਵੱਧ ਅਸਲੇ ਦਰਜ ਹਨ ਉਹ ਆਪਣਾ ਵਾਧੂ ਅਸਲਾ ਇਕ ਸਾਲ ਦੇ ਅੰਦਰ ਅੰਦਰ ਨਜਦੀਕੀ ਥਾਣੇ ਵਿੱਚ ਜਾਂ ਕਿਸੇ ਅਧਿਕਾਰਤ ਅਸਲਾ ਡੀਲਰ ਪਾਸ ਜਮ੍ਹਾ ਕਰਵਾਉਣ ਅਤੇ ਇਨ੍ਹਾਂ ਅਸਲਿਆਂ ਦੇ ਨਿਪਟਾਰੇ/ਸੇਲ ਪ੍ਰਮੀਸ਼ਨ ਸਬੰਧੀ ਤੁਰੰਤ ਅਸਲਾ ਲਾਇਸੰਸ ਸਾਖਾ, ਦਫਤਰ ਡਿਪਟੀ ਕਮਿਸ਼ਨਰ ਫਰੀਦਕੋਟ ਨਾਲ ਸੰਪਰਕ ਕਰਨ। ਜੇਕਰ ਅਸਲਾ ਲਾਇਸੰਸੀ ਵੱਲੋਂ ਨਿਰਧਾਰਤ ਸਮੇਂ ਵਿੱਚ ਵਾਧੂ ਅਸਲਾ ਨਜਦੀਕੀ ਥਾਣੇ ਵਿੱਚ ਜਾਂ ਕਿਸੇ ਅਧਿਕਾਰਤ ਅਸਲਾ ਡੀਲਰ ਪਾਸ ਜਮ੍ਹਾ ਨਹੀਂ ਕਰਵਾਇਆ ਜਾਂਦਾ ਤਾਂ ਉਹ ਅਸਲਾ ਲਾਇਸੰਸੀ ਖੁਦ ਜਿੰਮੇਵਾਰ ਹੋਣਗੇ ਅਤੇ ਨਿਯਮਾਂ ਅਨੁਸਾਰ ਉਸਦਾ ਵਾਧੂ ਅਸਲਾ ਨਾਜਾਇਜ਼ ਘੋਸ਼ਿਤ ਕਰਨ ਸਬੰਧੀ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

Dispatch No. I/27214/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਮੈਡਮ ਜਯੋਤੀ ਸਿੰਘ ਰਾਜ ਨੇ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਵਾਟਰ ਕੂਲਰ ਦਾ ਉਦਘਾਟਨ ਕੀਤਾ

ਗਰਮੀ ਦੇ ਮੌਸਮ ਵਿੱਚ ਲੋਕਾਂ ਨੂੰ ਮਿਲੇਗੀ ਠੰਡੇ ਪਾਣੀ ਦੀ ਸਹੂਲਤ

ਫਰੀਦੋਟ 22 ਮਈ ( ) ਜਿਲ੍ਹਾ ਰੈਡ ਕਰਾਸ ਭਲਾਈ ਸ਼ਾਖਾ ਦੀ ਚੇਅਰਪਰਸਨ ਮੈਡਮ ਜਯੋਤੀ ਸਿੰਘ ਰਾਜ ਵੱਲੋਂ ਗਰਮੀ ਦੇ ਮੌਸਮ ਦੌਂਰਾਨ ਗੁਰੂ ਗੋਬਿੰਦ ਸਿੰਘ ਕਾਲਜ ਅਤੇ ਹਸਪਤਾਲ ਵਿਖੇ ਆਉਣ ਵਾਲੇ ਮਰੀਜਾਂ ਦੇ ਵਾਰਸਾਂ ਅਤੇ ਆਮ ਲੋਕਾਂ ਦੀ ਪੀਣ ਵਾਲੇ ਠੰਡੇ ਪਾਣੀ ਦੇ ਪ੍ਰਬੰਧ ਲਈ ਹਸਪਤਾਲ ਵਿਖੇ ਰੈੱਡ ਕਰਾਸ ਦੀ ਤਰਫੋਂ ਲਗਾਏ ਗਏ ਵਾਟਰ ਕੂਲਰ ਦਾ ਉਦਘਾਟਨ ਕੀਤਾ। ਉਨ੍ਹਾਂ ਕਿਹਾ ਕਿ ਅਤਿ ਗਰਮੀ ਦੇ ਮੌਸਮ ਲਈ ਬਜੁਰਗ ਲੋਕਾਂ, ਮਰੀਜਾਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਰੋਜ਼ਾਨਾ 500 ਤੋਂ 1000 ਲੀਟਰ ਪੀਣ ਵਾਲੇ ਆਰ.ਓ ਦੇ ਠੰਡੇ ਪਾਣੀ ਦੀ ਸਹੂਲਤ ਮਿਲੇਗੀ।

ਇਸ ਮੌਕੇ ਸੈਕਟਰੀ ਰੈੱਡ ਕਰਾਸ ਸ੍ਰੀ ਸੁਭਾਸ਼ ਚੰਦਰ, ਸ੍ਰੀ ਨੀਲਕੰਠ ਕੱਕੜ, ਸ੍ਰੀ ਆਸ਼ੀਸ਼ ਗਰਗ, ਸ੍ਰੀ ਸੰਦੀਪ ਸੇਠੀ, ਜਗਸੀਰ ਸਿੰਘ, ਸ੍ਰੀ ਸੁਮੇਸ਼ ਸਿੰਗਲਾ, ਸ੍ਰੀ ਅੰਕੁਸ਼ ਸਿੰਗਲਾ, ਸ੍ਰੀ ਰਜਤ ਸਿੰਗਲਾ, ਸ੍ਰੀ ਤੁਸ਼ਾਰ ਸਿੰਗਲਾ ਆਦਿ ਹਾਜ਼ਰ ਸਨ।

Dispatch No. I/27240/2020

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਅਧੀਨ ਖਾਤਿਆਂ ਵਿੱਚ ਸੋਧ ਕਰਵਾਉਣ ਕਿਸਾਨ -ਕੁਮਾਰ ਸੌਰਭ ਰਾਜ

ਫਰੀਦਕੋਟ 22 ਮਈ ( ) ਡਿਪਟੀ ਕਮਿਸ਼ਨਰ ਫਰੀਦਕੋਟ ਸ਼੍ਰੀ ਕੁਮਾਰ ਸੋਰਭ ਰਾਜ ਆਈ.ਏ.ਐਸ. ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਜਿਹੜੇ ਕਿਸਾਨਾ ਵੱਲੋ ਂ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਸਕੀਮ ਤਹਿਤ ਸਵੈ-ਘੋਸ਼ਣਾ ਫਾਰਮ ਭਰੇ ਗਏ ਸਨ, ਪਰ ਕੁਝ ਕਾਰਨਾਂ ਕਰਕੇ ਉਨ੍ਹਾਂ ਕਿਸਾਨਾਂ ਦੇ ਖਾਤਿਆਂ ਵਿਚ ਅਜੇ ਤੱਕ ਫੰਡਜ਼ ਆਉਣੇ ਸ਼ੁਰੂ ਨਹੀ ਂ ਹੋਏ। ਕਿਉਕਿ ਉਨ੍ਹਾਂ ਵੱਲੋ ਂ ਦੱਸੇ ਖਾਤਿਆਂ ਦੇ ਨੰਬਰ ਵਿੱਚ ਕੋਈ ਗਲਤੀ ਰਹਿ ਗਈ ਸੀ, ਅਜਿਹੇ ਕਿਸਾਨ ਇਕ ਸਾਦੇ ਕਾਗਜ ਤੇ ਖਾਤਾ ਨੰਬਰ ਦੁਰਸਤ ਕਰਨ ਦੀ ਅਰਜੀ ਆਪਣੇ ਪਿੰਡ ਦੀ ਮੁਢਲੀ ਸਹਿਕਾਰੀ ਖੇਤੀਬਾੜੀ ਸਭਾ ਦੇ ਸਕੱਤਰ ਜਾਂ ਖੇਤੀਬਾੜੀ ਵਿਭਾਗ ਦੇ ਬਲਾਕ ਖੇਤੀਬਾੜੀ ਅਫਸਰ ਦੇ ਦਫਤਰ ਵਿੱਚ ਜਮਾਂ ਕਰਵਾ ਸਕਦੇ ਹਨ, ਤਾਂ ਜ਼ੋ ਉਨ੍ਹਾਂ ਦੇ ਗਲਤ ਖਾਤਿਆਂ ਨੂੰ ਦੁਰਸਤ ਕੀਤਾ ਜਾ ਸਕੇ ਅਤੇ ਉਹ ਪੀ.ਐਮ. ਕਿਸਾਨ ਸਕੀਮ ਦਾ ਲਾਭ  ਲੈ ਸਕਣ। ਕਿਸਾਨ ਆਪਣੀ ਅਰਜੀ ਦੇ ਨਾਲ ਇਕ ਐਪਲੀਕੇਸ਼ਨ ਸਟੇਟਸ, ਬੈਕਂ ਖਾਤੇ ਦੀ ਫੋਟੋ ਕਾਪੀ ਅਤੇ ਆਪਣੇ ਅਧਾਰ ਕਾਰਡ ਦੀ ਕਾਪੀ ਨੱਥੀ ਕਰਕੇ ਦੇਣ।

ਜਿਲ੍ਹੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਹਰਨੇਕ ਸਿੰਘ ਰੋਡੇ ਨੇ ਦੱਸਿਆ ਕਿ ਜਿਹੜੇ ਕਿਸਾਨ ਪੀ.ਐਮ. ਕਿਸਾਨ ਯੋਜਨਾ ਦਾ ਲਾਭ ਲੈਣ ਤੋ ਂਵਾਂਝੇ ਰਹਿ ਗਏ ਸਨ, ਉਹ ਆਪਣੇ ਨਵੇ ਫਾਰਮ ਭਰ ਕੇ ਆਪਣੇ ਨੇੜੇ ਦੀ ਮੁਢਲੀ ਸਹਿਕਾਰੀ ਖੇਤੀਬਾੜੀ  ਸਭਾ ਦੇ ਸਕੱਤਰ ਪਾਸ ਮਿਤੀ 01 ਜੂਨ  ਤੱਕ ਜਮਾਂ ਕਰਵਾ ਸਕਦੇ ਹਨ।